**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 08-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉੱਦਮੀਆਂ ਨੂੰ ਸਸ਼ਕਤ ਬਣਾਉਣ ਵਾਲੀ ਮੁਦਰਾ ਯੋਜਨਾ ਦੀ 10ਵੀਂ ਵਰੇਗੰਢ ਉੱਤੇ ਇਸਨੂੰ ਮੌਨ ਕ੍ਰਾਂਤੀ ਕਰਾਰ ਦਿੱਤਾ।
- ਪੰਜਾਬ ਪੁਲਿਸ ਨੇ BJP ਦੇ ਸੀਨੀਅਰ ਨੇਤਾ ਮਨੋਰੰਜਨ ਕਾਲੀਆ ਦੇ ਜਲੰਧਰ ਸਥਿਤ ਘਰ 'ਤੇ ਬੀਤੀ ਰਾਤ ਹੋਏ ਗ੍ਰਨੇਡ ਹਮਲੇ ਲਈ ਜ਼ਿੰਮੇਵਾਰ ਦੋ ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਪੰਜ ਦਿਨਾਂ ਪੈਦਲ ਯਾਤਰਾ ਜਲ੍ਹਿਆਂਵਾਲਾ ਬਾਗ ਵਿਖੇ ਹੋਈ ਸਮਾਪਤ ।
- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਅੱਜ ਤੋਂ ਪੰਜਾਬ ਸਮੇਤ ਦੇਸ਼ ਭਰ ਵਿਚ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ।

-------------------------------------------------------------

ਪ੍ਰਧਾਨ ਮੰਤਰੀ ਮੁਦਰਾ ਯੋਜਨਾ ਦੇ ਅੱਜ 10 ਸਾਲ ਪੂਰੇ ਹੋ ਗਏ ਨੇ । ਪ੍ਰਧਾਨ ਮੰਤਰੀ ਮੁਦਰਾ ਯੋਜਨਾ ਦੇ ਤਹਿਤ ਹੁਣ ਤੱਕ 32 ਲੱਖ ਕਰੋੜ ਰੁਪਏ ਤੋਂ ਵੱਧ ਦੇ 52 ਕਰੋੜ ਤੋਂ ਵੱਧ ਕਰਜ਼ੇ ਮਨਜ਼ੂਰ ਕੀਤੇ ਗਏ ਨੇ । ਇਹ ਯੋਜਨਾ 2015 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਗੈਰ-ਕਾਰਪੋਰੇਟ, ਗੈਰ-ਖੇਤੀਬਾੜੀ ਵਿਅਕਤੀਆਂ, ਛੋਟੇ ਅਤੇ ਸੂਖਮ ਉੱਦਮਾਂ ਨੂੰ 10 ਲੱਖ ਰੁਪਏ ਤੱਕ ਦੇ ਜਮਾਨਤ-ਮੁਕਤ ਕਰਜ਼ੇ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਸੀ, ਜਿਸਦਾ ਉਦੇਸ਼ ਵਿੱਤੀ ਸਮਾਵੇਸ਼ ਨੂੰ ਸੁਵਿਧਾਜਨਕ ਬਣਾਉਣਾ ਅਤੇ ਉੱਦਮੀਆਂ ਨੂੰ ਸਸ਼ਕਤ ਬਣਾਉਣਾ ਸੀ। ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਅੱਜ ਆਪਣੇ ਨਿਵਾਸ ਸਥਾਨ 'ਤੇ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਦੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ, ਕਿਉਂਕਿ ਇਸ ਪ੍ਰਮੁੱਖ ਯੋਜਨਾ ਨੇ ਅਪ੍ਰੈਲ 2015 ਵਿੱਚ ਆਪਣੀ ਸ਼ੁਰੂਆਤ ਤੋਂ ਦਸ ਸਾਲ ਪੂਰੇ ਕੀਤੇ ਹਨ।

**BYTE:**

**ਹੋਰ ਵੇਰਵੇ ਨਾਲ ਇਕ ਰਿਪੋਰਟ**

*ਇਸ ਯੋਜਨਾ ਦੇ ਤਹਿਤ ਪਹਿਲਾਂ ਤਿੰਨ ਸ਼੍ਰੇਣੀਆਂ ਦੇ ਕਰਜ਼ੇ ਸਨ, ਜਿਨ੍ਹਾਂ ਵਿੱਚ 50 ਹਜ਼ਾਰ ਰੁਪਏ ਤੱਕ ਦਾ ਸ਼ਿਸ਼ੂ, ਪੰਜ ਲੱਖ ਰੁਪਏ ਤੱਕ ਦਾ ਕਿਸ਼ੋਰ ਅਤੇ 10 ਲੱਖ ਰੁਪਏ ਤੱਕ ਦਾ ਤਰੁਣ ਸ਼੍ਰੇਣੀ ਵਿਚ ਸ਼ਾਮਲ ਸੀ। ਬਾਅਦ ਵਿੱਚ, ਇਸ ਯੋਜਨਾ ਵਿੱਚ ਤਰੁਣ ਪਲੱਸ ਦੀ ਇੱਕ ਹੋਰ ਸ਼੍ਰੇਣੀ ਸ਼ਾਮਲ ਕੀਤੀ ਗਈ ਜਿਸ ਲਈ 10 ਲੱਖ ਰੁਪਏ ਤੋਂ ਵੱਧ ਅਤੇ 20 ਲੱਖ ਰੁਪਏ ਤੱਕ ਦਾ ਕਰਜ਼ਾ ਦਿੱਤਾ ਜਾ ਸਕਦਾ ਏ । ਇਹ ਸ਼੍ਰੇਣੀ ਉਨ੍ਹਾਂ ਉੱਦਮੀਆਂ ਲਈ ਹੈ ਜਿਨ੍ਹਾਂ ਨੇ ਤਰੁਣ ਸ਼੍ਰੇਣੀ ਦੇ ਤਹਿਤ ਕਰਜ਼ੇ ਪ੍ਰਾਪਤ ਕੀਤੇ ਹਨ ਅਤੇ ਸਫਲਤਾਪੂਰਵਕ ਵਾਪਸ ਵੀ ਕੀਤੇ ਹਨ। ਪੰਜਾਬ ਵਿੱਚ, ਇਸ ਯੋਜਨਾ ਦਾ ਲਾਭ ਲੈਣ ਵਾਲੇ ਲਾਭਪਾਤਰੀਆਂ ਦੀ ਕੁੱਲ ਗਿਣਤੀ 10 ਲੱਖ 97 ਹਜ਼ਾਰ ਤੋਂ ਵੱਧ ਹੈ। ਲੀਡ ਬੈਂਕ ਮੈਨੇਜਰ ਮੋਹਨ ਸਿੰਘ ਮੋਤੀ ਨੇ ਦੱਸਿਆ ...*

*ਬਾਈਟ:*

*ਇੱਕ ਲਾਭਪਾਤਰੀ ਨੇ ਕਿਹਾ ਇਸ ਯੋਜਨਾ ਹੇਠ ਮਹਿਲਾ ਉੱਦਮੀਆਂ ਵਲੋਂ ਲਗਭਗ 70 ਪ੍ਰਤੀਸ਼ਤ ਮੁਦਰਾ ਕਰਜ਼ੇ ਪ੍ਰਾਪਤ ਕੀਤੇ ਗਏ ਹਨ, ਜਿਸ ਨਾਲ ਉਨ੍ਹਾਂ ਦੀ ਵਿੱਤੀ ਆਜ਼ਾਦੀ ਵਧੀ ਏ ਅਤੇ ਲਿੰਗ ਸਮਾਨਤਾ*

*ਵਿੱਚ ਯੋਗਦਾਨ ਪਾਇਆ ਗਿਆ ਏ। ਜਦੋਂ ਕਿ, ਐਸਸੀ, ਐਸਟੀ ਅਤੇ ਓਬੀਸੀ ਉੱਦਮੀਆਂ ਨੇ ਕੁਲ ਮੁਦਰਾ ਕਰਜ਼ਿਆਂ ਦਾ 50 ਫ਼ੀਸਦ ਤੋਂ ਵੱਧ ਪ੍ਰਾਪਤ ਕੀਤਾ ਹੈ।*

*ਰਾਜੇਸ਼ ਬਾਲੀ/ਆਕਾਸ਼ਵਾਨੀ ਖਬਰਾਂ/ਜਲੰਧਰ*

---------------------------------------------------

ਪੰਜਾਬ ਪੁਲਿਸ ਨੇ BJP ਦੇ ਸੀਨੀਅਰ ਨੇਤਾ ਅਤੇ ਪਾਰਟੀ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਮਨੋਰੰਜਨ ਕਾਲੀਆ ਦੇ ਜਲੰਧਰ ਸਥਿਤ ਘਰ 'ਤੇ ਬੀਤੀ ਰਾਤ ਹੋਏ ਗ੍ਰਨੇਡ ਹਮਲੇ ਲਈ ਜ਼ਿੰਮੇਵਾਰ ਦੋ ਵਿਅਕਤੀਆਂ ਨੂੰ ਲੱਭ ਕੇ ਗ੍ਰਿਫ਼ਤਾਰ ਕਰ ਲਿਆ ਏ । ਇਸ ਘਟਨਾ ਵਿੱਚ ਵਰਤਿਆ ਗਿਆ ਈ-ਰਿਕਸ਼ਾ ਵੀ ਬਰਾਮਦ ਕਰ ਲਿਆ ਗਿਆ ਏ । ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ DGP, ਅਰਪਿਤ ਸ਼ੁਕਲਾ ਨੇ ਅੱਜ ਦੁਪਹਿਰ ਚੰਡੀਗੜ੍ਹ 'ਚ ਇੱਕ ਪ੍ਰੈਸ ਕਾਨਫਰੰਸ ਵਿੱਚ ਇਸਦਾ ਖੁਲਾਸਾ ਕਰਦੇ ਹੋਏ ਕਿਹਾ ਕਿ ਪੰਜਾਬ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਭੰਗ ਕਰਨ ਲਈ ਇਸ ਹਮਲੇ ਪਿੱਛੇ ਪਾਕਿਸਤਾਨ ਦੀ ਆਈ.ਐਸ.ਆਈ ਦੀ ਇੱਕ ਵੱਡੀ ਸਾਜ਼ਿਸ਼ ਸੀ।

**BYTE:**

ਅਰਪਿਤ ਸ਼ੁਕਲਾ ਨੇ ਕਿਹਾ ਕਿ ਕੇਂਦਰੀ ਸੁਰੱਖਿਆ ਏਜੰਸੀਆਂ ਨਾਲ ਮਿਲ ਕੇ ਵੱਖ-ਵੱਖ ਪੁਲਿਸ ਟੀਮਾਂ ਹਮਲੇ ਦੇ ਪਿੱਛੇ ਸਾਰੇ ਵੇਰਵਿਆਂ ਅਤੇ ਕਾਰਨਾਂ ਦਾ ਪਤਾ ਲਗਾਉਣ ਲਈ ਸੂਬੇ ਵਿੱਚ ਇੱਕ ਮੁਹਿੰਮ ਚਲਾ ਰਹੀਆਂ ਨੇ । ਇਸ ਦੌਰਾਨ, BJP ਨੇਤਾ ਕਾਲੀਆ, ਜੋ ਸੁਰੱਖਿਅਤ ਨੇ, ਸਾਡੇ ਜਲੰਧਰ ਪੱਤਰਕਾਰ ਨੂੰ ਦੱਸਿਆ ਕਿ ਧਮਾਕਾ ਬਹੁਤ ਭਿਆਨਕ ਸੀ ਜਿਸ ਵਿਚ ਉਨ੍ਹਾਂ ਦੇ ਘਰ ਦੀਆਂ ਖਿੜਕੀਆਂ ਦੇ ਸ਼ੀਸ਼ੇ ਅਤੇ ਕੁਝ ਦਰਵਾਜ਼ੇ ਟੁੱਟ ਗਏ ਨੇ ।  ਇਸ ਤੋਂ ਪਹਿਲਾਂ, ਪੰਜਾਬ BJP ਦੇ ਪ੍ਰਧਾਨ ਸੁਨੀਲ ਜਾਖੜ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ, ਸੂਬੇ ਦੇ ਮੁੱਖ ਮੰਤਰੀ ਅਤੇ ਪੰਜਾਬ ਪੁਲਿਸ ਮੁਖੀ  'ਤੇ ਸੂਬੇ ਨੂੰ ਸੁਰੱਖਿਅਤ ਬਣਾਉਣ ਵਿੱਚ ਲਾਪਰਵਾਹੀ ਵਰਤਣ ਦਾ ਦੋਸ਼ ਲਗਾਇਆ ਸੀ। ਇਸਨੂੰ ਇੱਕ ਯੋਜਨਾਬੱਧ ਹਮਲਾ ਕਰਾਰ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਇਹ ਮੁੱਖ ਮੰਤਰੀ ਅਤੇ ਡੀਜੀਪੀ ਦੋਵਾਂ ਦੀ ਇੱਕ ਅਪਰਾਧਿਕ ਲਾਪਰਵਾਹੀ ਏ । ਵੱਖ-ਵੱਖ ਵਿਰੋਧੀ ਪਾਰਟੀਆਂ ਦੇ ਰਾਜਨੀਤਿਕ ਨੇਤਾਵਾਂ ਨੇ ਵੀ ਇਸ ਹਮਲੇ ਦੀ ਨਿੰਦਾ ਕੀਤੀ ਏ ।

---------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਬੀਤੇ 5 ਦਿਨਾਂ ਤੋਂ ਨਸ਼ੇ ਦੇ ਖਿਲਾਫ਼ ਪੈਦਲ ਮਾਰਚ ਕਰ ਰਹੇ ਨੇ । ਅੱਜ ਇਸ ਮੁਹਿੰਮ ਦੇ ਛੇਵੇਂ ਅਤੇ ਆਖਰੀ ਦਿਨ ਅੰਮ੍ਰਿਤਸਰ ਦੇ ਭੰਡਾਰੀ ਪੁੱਲ ਤੋਂ ਪੈਦਲ ਮਾਰਚ ਕਰਦੇ ਹੋਏ ਉਹ ਜਲ੍ਹਿਆਂਵਾਲਾ ਬਾਗ ਪਹੁੰਚੇ । ਇਸ ਦੌਰਾਨ ਉਹਨਾਂ ਦੇ ਨਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਸਮਾਜਸੇਵੀ ਸੰਸਥਾਵਾਂ ਅਤੇ ਕਈ BJP ਆਗੂ ਵੀ ਮੌਜੂਦ ਰਹੇ ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਉਹਨਾਂ ਵੱਲੋਂ ਨਸ਼ੇ ਦੇ ਖਿਲਾਫ਼ ਲਾਮਬੰਦ ਹੋਣ ਦੀ ਇੱਕ ਸ਼ੁਰੂਆਤ ਕੀਤੀ ਗਈ ਏ ਅਤੇ ਇਹ ਪੈਦਲ ਮਾਰਚ ਉਹਨਾਂ ਦਾ ਇਕੱਲਿਆਂ ਦਾ ਨਹੀਂ ਸਾਰੇ ਪੰਜਾਬ ਦਾ ਏ ਅਤੇ ਉਹ ਦਿਲੋਂ ਚਾਹੁੰਦੇ ਨੇ ਕਿ ਪੰਜਾਬ ’ਚੋਂ ਨਸ਼ਾ ਖ਼ਤਮ ਹੋਵੇ । ਉਹਨਾਂ ਕਿਹਾ ਕਿ ਪਿਛਲੇ ਚਾਰ ਦਿਨਾਂ ਤੋਂ ਅੰਮ੍ਰਿਤਸਰ ਵਿੱਚ ਉਹਨਾਂ ਨੂੰ ਬਹੁਤ ਹੀ ਭਰਵਾ ਹੁੰਗਾਰਾ ਮਿਲਿਆ ਏ ਅਤੇ ਲੋਕ ਖੁਦ ਨਸ਼ੇ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਉਹਨਾਂ ਦਾ ਸਹਿਯੋਗ ਕਰ ਰਹੇ ਨੇ। ਉਹਨਾਂ ਨਾਲ ਅੱਜ BJP ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਵੀ

ਪੈਦਲ ਮਾਰਚ ਵਿਚ ਹਿੱਸਾ ਲਿਆ ਅਤੇ ਕਿਹਾ ਕਿ ਰਾਜਪਾਲ ਵੱਲੋਂ ਇਹ ਇੱਕ ਵਧੀਆ ਉਪਰਾਲਾ ਕੀਤਾ ਗਿਆ ਏ। ਰਾਜਪਾਲ ਇਸਤੋਂ ਪਹਲੇ ਸਵੇਰੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੀ ਨਤਮਸਤਕ ਹੋਏ । ਉਨਾਂ ਕਿਹਾ ਕਿ ਨਸ਼ਿਆਂ ਦੇ ਖਿਲਾਫ ਜੰਗ ਸ਼ੁਰੂ ਕੀਤੀ ਏ ਉਸ ਵਿੱਚ ਗੁਰੂ ਸਾਹਿਬ ਦਾ ਅਸ਼ੀਰਵਾਦ ਬਹੁਤ ਜ਼ਰੂਰੀ ਏ।

---------------------------------------------------------------

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਕੁਪੋਸ਼ਣ ਨੂੰ ਖਤਮ ਕਰਨ ਲਈ ਸਰਕਾਰ ਦੀ ਨਿਰੰਤਰ ਵਚਨਬੱਧਤਾ ਦੇ ਹਿੱਸੇ ਵਜੋਂ ਅੱਜ ਤੋਂ ਪੋਸ਼ਣ ਪੰਦਰਵਾੜੇ ਦਾ 7ਵਾਂ ਸੰਸਕਰਣ ਮਨਾ ਰਿਹਾ ਏ । ਇਸ ਸਾਲ ਦਾ ਪੋਸ਼ਣ ਪੰਦਰਵਾੜਾ ਮੁੱਖ ਤੌਰ 'ਤੇ ਚਾਰ ਵਿਸ਼ਿਆਂ' ਤੇ ਕੇਂਦ੍ਰਿਤ ਹੋਵੇਗਾ , ਜਿਨ੍ਹਾਂ ਵਿਚ ਜੀਵਨ ਦੇ ਪਹਿਲੇ 1,000 ਦਿਨਾਂ 'ਤੇ ਧਿਆਨ ਕੇਂਦਰਤ ਕਰਨਾ , ਪੋਸ਼ਣ ਟਰੈਕਰਾਂ ਦੇ ਲਾਭਪਾਤਰੀ ਮਾਡਯੂਲ ਨੂੰ ਪ੍ਰਸਿੱਧ ਬਣਾਉਣਾ, ਬੱਚਿਆਂ ਵਿੱਚ ਮੋਟਾਪੇ ਨੂੰ ਦੂਰ ਕਰਨਾ ਅਤੇ ਕੁਪੋਸ਼ਣ ਅਤੇ ਸਿਹਤਮੰਦ ਜੀਵਨ ਸ਼ੈਲੀ ਦਾ ਪ੍ਰਬੰਧਨ ਕਰਨਾ ਸ਼ਾਮਿਲ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੁਆਰਾ ਸ਼ੁਰੂ ਕੀਤੀ ਗਈ ਪ੍ਰਮੁੱਖ

ਪਹਿਲਕਦਮੀ ਪੋਸ਼ਣ ਅਭਿਯਾਨ, ਕੁਪੋਸ਼ਣ ਨਾਲ ਨਜਿੱਠਣ, ਗਰਭਵਤੀ ਔਰਤਾਂ, ਛੋਟੇ ਬਚਿਆ ਦੀਆਂ ਮਾਵਾਂ, ਕਿਸ਼ੋਰ ਲੜਕੀਆਂ ਅਤੇ ਛੇ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਪੋਸ਼ਣ ਦੇ ਨਤੀਜਿਆਂ ਵਿੱਚ ਸੁਧਾਰ ਕਰਨ ਦੇ ਆਪਣੇ ਮਿਸ਼ਨ ਨੂੰ ਜਾਰੀ ਰੱਖਦੀ ਏ।

-----------------------------------------------------------

ਪੰਜਾਬ ਭਰ ਵਿਚ ਵੀ ਅੱਜ ਤੋਂ 7ਵਾਂ ਪੋਸ਼ਣ ਪੰਦਰਵਾੜਾ ਮਨਾਇਆ ਜਾ ਰਿਹਾ ਏ। ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪੰਦਰਵਾੜਾ ਮੁਹਿੰਮ ਸੂਬੇ ਭਰ ਵਿੱਚ ਪੋਸ਼ਣ ਜਾਗਰੂਕਤਾ, ਭਾਈਚਾਰਕ ਭਾਗੀਦਾਰੀ ਅਤੇ ਟਿਕਾਊ ਅਭਿਆਸਾਂ 'ਤੇ ਕੇਂਦ੍ਰਿਤ ਗਤੀਵਿਧੀਆਂ ਦੀ ਇੱਕ ਲੜੀ ਰਾਹੀਂ ਚਲਾਈ ਜਾਵੇਗੀ। ਮੰਤਰੀ ਨੇ ਦਸਿਆ ਕਿ ਬੱਚਿਆਂ ਲਈ ਸੰਤੁਲਿਤ ਭੋਜਨ, ਸਰੀਰਕ ਗਤੀਵਿਧੀਆਂ ਅਤੇ ਸਿਹਤਮੰਦ ਆਦਤਾਂ ਨੂੰ ਉਤਸ਼ਾਹਿਤ ਕਰਕੇ ਬਚਪਨ ਦੇ ਮੋਟਾਪੇ ਨਾਲ ਨਜਿੱਠਣ ਲਈ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਇਸ ਪੰਦਰਵਾੜੇ

ਵਿੱਚ ਜਨਤਕ ਜਾਗਰੂਕਤਾ ਅਤੇ ਸਰਗਰਮ ਭਾਈਚਾਰਕ ਸ਼ਮੂਲੀਅਤ ਰਾਹੀਂ ਕੁਪੋਸ਼ਣ ਨੂੰ ਖਤਮ ਕਰਨ ਲਈ ਵੱਡੇ ਪੱਧਰ 'ਤੇ ਪਹੁੰਚ ਅਤੇ ਸੰਵੇਦਨਸ਼ੀਲਤਾ ਸਬੰਧੀ ਯਤਨ ਵੀ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਦੇਖਭਾਲ ਅਤੇ ਸ਼ੁਰੂਆਤ ਵਿੱਚ ਧਿਆਨ ਦੇ ਕੇ ਦਸਤ ਪ੍ਰਬੰਧਨ ਅਤੇ ਅਨੀਮੀਆ ਦੇ ਖਾਤਮੇ ਲਈ ਵੀ ਯਤਨ ਕੀਤੇ ਜਾਣਗੇ। ਡਾ. ਬਲਜੀਤ ਕੌਰ ਨੇ ਸਾਰੇ ਭਾਈਵਾਲਾਂ - ਆਂਗਣਵਾੜੀ ਵਰਕਰਾਂ, ਸਿਹਤ ਕਰਮੀਆਂ , ਪੰਚਾਇਤੀ ਰਾਜ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਨੂੰ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਇਸਦੀ ਸਫ਼ਲਤਾ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਮੰਤਰੀ ਨੇ ਪੰਜਾਬ ਵਾਸੀਆਂ ਨੂੰ ਕੁਪੋਸ਼ਣ ਮੁਕਤ ਪੰਜਾਬ ਬਣਾਉਣ ਅਤੇ ਬੱਚਿਆਂ ਤੇ ਮਾਵਾਂ ਲਈ ਇੱਕ ਸਿਹਤਮੰਦ ਭਵਿੱਖ ਯਕੀਨੀ ਬਣਾਉਣ ਲਈ ਇੱਕਜੁੱਟ ਹੋਣ ਦੀ ਅਪੀਲ ਕੀਤੀ ।

--------------------------------------------------------

ਬਟਾਲਾ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਸਿਖਲਾਈ ਦੇਣ ਲਈ ਮੁੱਖ

ਖੇਤੀਬਾੜੀ ਅਫਸਰ ਡਾ ਅਮਰੀਕ ਸਿੰਘ ਦੀ ਅਗਵਾਈ ਹੇਠ ਦਾਣਾ ਮੰਡੀ ਵਿਖੇ ਇੱਕ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਲਗਾਇਆ ਗਿਆ। ਕਿਸਾਨ ਮੇਲੇ ਵਿੱਚ ਖੇਤੀਬਾੜੀ ਨਾਲ ਸੰਬੰਧਿਤ ਵੱਖ-ਵੱਖ ਅਦਾਰਿਆਂ ਅਤੇ ਸੈਵ ਸਹਾਇਤਾ ਸਮੂਹਾਂ ਵੱਲੋਂ ਵੱਖ-ਵੱਖ ਖੇਤੀ ਉਤਪਾਦਾਂ ਅਤੇ ਮਸ਼ੀਨਰੀ ਨਾਲ ਸੰਬੰਧਿਤ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ

-------------------------------------------------------------

ਮੁਹਾਲੀ ਜ਼ਿਲ੍ਹਾ ਸਿਹਤ ਵਿਭਾਗ ਵਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਸਰਕਾਰੀ ਨਸ਼ਾ-ਛੁਡਾਊ ਅਤੇ ਮੁੜ-ਵਸੇਬਾ ਕੇਂਦਰ ਵਿਚ ਮਰੀਜ਼ਾਂ ਵਾਸਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ । ਮੁਹਾਲੀ ਦੀ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਪਰਵਿੰਦਰਪਾਲ ਕੌਰ ਨੇ ਦਸਿਆ ਕਿ ਕੇਂਦਰ ਵਿਚ ਦਾਖ਼ਲ ਮਰੀਜ਼ਾਂ ਨੂੰ ਕਿੱਤਾਮੁਖੀ ਸਿਖਲਾਈ ਦਿਤੀ ਜਾ ਰਹੀ ਏ ਤਾਕਿ ਉਹ, ਨਸ਼ਿਆਂ ਤੋਂ ਨਿਜਾਤ ਪਾਉਣ ਦੇ ਨਾਲ-ਨਾਲ ਕਿਸੇ ਨਾ ਕਿਸੇ ਕਿੱਤੇ ਵਿਚ ਮਾਹਰ ਹੋ ਸਕਣ ਅਤੇ ਆਪਣੀ ਵਧੀਆ ਜ਼ਿੰਦਗੀ ਬਤੀਤ ਕਰ ਸਕਣ । ਉਨ੍ਹਾਂ ਦਸਿਆ ਕਿ ਰੁਜ਼ਗਾਰ ਪੈਦਾਵਾਰ ਵਿਭਾਗ ਦੇ ਸਹਿਯੋਗ ਨਾਲ

ਕੇਂਦਰ ਦੇ ਮਰੀਜ਼ਾਂ ਵਾਸਤੇ ਨਵੀਂ ਕਿੱਤਾਮੁਖੀ ਸਿਖਲਾਈ ਸ਼ੁਰੂ ਕੀਤੀ ਗਈ ਏ, ਜਿਸ ਦੌਰਾਨ ਮਾਹਰਾਂ ਵਲੋਂ ਮਰੀਜ਼ਾਂ ਨੂੰ ਵੱਖ-ਵੱਖ ਬਿਜਲੀ ਉਪਕਰਨਾਂ ਦੀ ਮੁਰੰਮਤ ਅਤੇ ਸਾਂਭ-ਸੰਭਾਲ ਬਾਰੇ ਸਿਖਾਇਆ ਜਾਵੇਗਾ। ਡਾ. ਜੈਨ ਨੇ ਦਸਿਆ ਕਿ ਕੇਂਦਰ ਵਿਚ ਮਰੀਜ਼ਾਂ ਦੀ ਵੱਧ ਤੋਂ ਵੱਧ ਸਰੀਰਕ ਗਤੀਵਿਧੀ ਵੀ ਕਰਾਈ ਜਾਂਦੀ ਏ।